**ਤੂ ਸਮਰਥੁ ਵਡਾ ਮੇਰੀ ਮਤਿ ਥੋਰੀ ਰਾਮ ॥ ਪਾਲਹਿ ਅਕਿਰਤਘਨਾ ਪੂਰਨ ਦ੍ਰਿਸਟਿ ਤੇਰੀ ਰਾਮ ॥ ਅਗਾਧਿ ਬੋਧਿ ਅਪਾਰ ਕਰਤੇ ਮੋਹਿ ਨੀਚੁ ਕਛੂ ਨ ਜਾਨਾ ॥ ਰਤਨੁ ਤਿਆਗਿ ਸੰਗ੍ਰਹਨ ਕਉਡੀ ਪਸੂ ਨੀਚੁ ਇਆਨਾ ॥ ਤਿਆਗਿ ਚਲਤੀ ਮਹਾ ਚੰਚਲਿ ਦੋਖ ਕਰਿ ਕਰਿ ਜੋਰੀ ॥ ਨਾਨਕ ਸਰਨਿ ਸਮਰਥ ਸੁਆਮੀ ਪੈਜ ਰਾਖਹੁ ਮੋਰੀ ॥੩॥** {ਪੰਨਾ 547}

ਪਦਅਰਥ:- ਪਾਲਹਿ—ਤੂੰ ਪਾਲਦਾ ਹੈਂ। ਅਕਿਰਤਘਨ—ਕੀਤੀ ਭਲਾਈ ਨੂੰ ਭੁਲਾ ਦੇਣ ਵਾਲੇ, ਨਾ-ਸ਼ੁਕਰੇ। ਪੂਰਨ—ਸਦਾ ਇਕ-ਸਾਰ। ਦ੍ਰਿਸਟਿ—ਨਿਗਾਹ, ਨਜ਼ਰ। ਅਗਾਧਿ ਬੋਧਿ—ਮਨੁੱਖੀ ਸਮਝ ਤੋਂ ਪਰੇ ਅਥਾਹ। ਕਰਤੇ—ਹੇ ਕਰਤਾਰ! ਮੋਹਿ—ਮੈਂ। ਤਿਆਗਿ—ਤਿਆਗ ਕੇ। ਸੰਗ੍ਰਹਨ—ਇਕੱਠੀਆਂ ਕਰਨਾ। ਚੰਚਲਿ—ਚੁਲਬੁਲੇ ਮਨ ਵਾਲੀ। ਦੋਖ—ਪਾਪ। ਜੋਰੀ—ਜੋੜੀ, ਇਕੱਠੀ ਕੀਤੀ। ਪੈਜ—ਲਾਜ, ਇੱਜ਼ਤ। ਮੋਰੀ—ਮੇਰੀ। ਸਮਰਥ—ਹੇ ਸਮਰੱਥ!

ਅਰਥ:- ਹੇ ਰਾਮ! ਤੂੰ ਵੱਡੀ ਤਾਕਤ ਵਾਲਾ ਹੈਂ, ਮੇਰੀ ਅਕਲ ਨਿੱਕੀ ਜਿਹੀ ਹੈ (ਤੇਰੇ ਵਡੱਪਣ ਨੂੰ ਸਮਝ ਨਹੀਂ ਸਕਦੀ)। ਹੇ ਪ੍ਰਭੂ! ਤੇਰੀ ਨਿਗਾਹ ਸਦਾ ਇਕ-ਸਾਰ ਹੈ ਤੂੰ ਨਾ-ਸ਼ੁਕਰਿਆਂ ਦੀ ਭੀ ਪਾਲਣਾ ਕਰਦਾ ਰਹਿੰਦਾ ਹੈਂ। ਹੇ ਕਰਤਾਰ! ਹੇ ਬੇਅੰਤ ਪ੍ਰਭੂ! ਤੂੰ ਜੀਵਾਂ ਦੀ ਸਮਝ ਤੋਂ ਪਰੇ ਅਥਾਹ ਹੈਂ, ਮੈਂ ਨੀਵੇਂ ਜੀਵਨ ਵਾਲਾ (ਤੇਰੀ ਬਾਬਤ) ਕੁਝ ਭੀ ਨਹੀਂ ਜਾਣ ਸਕਦਾ। ਹੇ ਪ੍ਰਭੂ! ਤੇਰਾ ਕੀਮਤੀ ਨਾਮ ਛੱਡ ਕੇ ਮੈਂ ਕਉਡੀਆਂ ਇਕੱਠੀਆਂ ਕਰਦਾ ਰਹਿੰਦਾ ਹਾਂ, ਮੈਂ ਪਸੂ-ਸੁਭਾਉ ਹਾਂ, ਨੀਵਾਂ ਹਾਂ, ਅੰਞਾਣ ਹਾਂ। ਮੈਂ ਪਾਪ ਕਰ ਕਰ ਕੇ (ਉਸ ਮਾਇਆ ਨੂੰ ਹੀ) ਜੋੜਦਾ ਰਿਹਾ ਜੇਹੜੀ ਕਦੇ ਟਿਕ ਕੇ ਨਹੀਂ ਬੈਠਦੀ, ਜੇਹੜੀ ਜੀਵਾਂ ਦਾ ਸਾਥ ਛੱਡ ਜਾਂਦੀ ਹੈ। ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ ਮੇਰੇ ਸੁਆਮੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ਲੈ।3।